# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 28-07-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇਸ ਗੱਲ 'ਤੇ ਮਾਣ ਜ਼ਾਹਰ ਕੀਤਾ ਕਿ ਅਸਾਮ ਦੀ ਚਰਾਈਦੇਓ ਮੈਦਾਮ ਨੂੰ, ਯੂਨੈਸਕੋ ਦੀਆਂ ਵਿਸ਼ਵ ਵਿਰਾਸਤੀ ਥਾਵਾਂ 'ਚ ਸ਼ਾਮਲ ਕੀਤਾ ਜਾ ਰਿਹਾ ਏ । ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਦੇਸ਼ ਵਿਦੇਸ਼ 'ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਪ੍ਰਧਾਨ ਮੰਤਰੀ ਨੇ ਇਸ ਬਾਰੇ ਜ਼ਿਕਰ ਕੀਤਾ। ਸ੍ਰੀ ਮੋਦੀ ਨੇ ਕਿਹਾ ਕਿ ਕੋਈ ਵੀ ਦੇਸ਼ਆਪਣੇ ਸਭਿਆਚਾਰ 'ਤੇ ਮਾਣ ਕਰਕੇ ਹੀ ਤਰੱਕੀ ਕਰ ਸਕਦਾ ਏ । ਇਸ ਸਬੰਧ ਵਿੱਚ ਭਾਰਤ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਨੂੰ ਉਜਾਗਰ ਕਰਦੇ ਹੋਏ, ਉਨ੍ਹਾਂ ਪ੍ਰੋਜੈਕਟ Public Art of India PARI ਯਾਨੀ 'ਭਾਰਤ ਦੀ ਜਨਤਕ ਕਲਾ' ਦਾ ਜ਼ਿਕਰ ਕੀਤਾ । ਪ੍ਰਧਾਨ ਮੰਤਰੀ ਨੇ ਦੇਖਿਆ ਕਿ ਪ੍ਰੋਜੈਕਟ ਪਰੀ ਜਨਤਕ ਕਲਾ ਨੂੰ ਹਰਮਨ ਪਿਆਰਾ ਬਣਾਉਣ ਲਈ ਉਭਰਦੇ ਕਲਾਕਾਰਾਂ ਨੂੰ ਇੱਕ ਪਲੇਟਫਾਰਮ 'ਤੇ ਲਿਆਉਣ ਦਾ ਇੱਕ ਵਧੀਆ ਮਾਧਿਅਮ ਬਣ ਰਿਹਾ ਏ। ਉਨ੍ਹਾਂ ਕਿਹਾ ਕਿ ਸੜਕਾਂ ਦੇ

ਕਿਨਾਰਿਆਂ, ਦੀਵਾਰਾਂ ਅਤੇ ਅੰਡਰਪਾਸ 'ਤੇ ਬਣੀਆਂ ਪੇਂਟਿੰਗਾਂ, ਉਨ੍ਹਾਂ ਹੀ ਕਲਾਕਾਰਾਂ ਦੁਆਰਾ ਬਣਾਈਆਂ ਗਈਆਂ ਨੇ, ਜੋ ਪ੍ਰੋਜੈਕਟ ਪਰੀ ਨਾਲ ਜੁੜੇ ਹੋਏ ਨੇ। ਹੱਥਖੱਡੀ ਉਦਯੋਗ ਬਾਰੇ ਬੋਲਦਿਆਂ, ਸ਼੍ਰੀਮਾਨ ਮੋਦੀ ਨੇ, ਹਰਿਆਣਾ ਦੇ ਰੋਹਤਕ ਜ਼ਿਲੇ ਦੀਆਂ 250 ਔਰਤਾਂ ਦੀ ''ਉੱਨਤੀ ਸਵੈ ਸਹਾਇਤਾ ਸਮੂਹ'' ਵਿੱਚ ਸ਼ਾਮਲ ਹੋਣ ਅਤੇ ਕੱਪੜਿਆਂ 'ਤੇ ਰੰਗਾਂ ਦਾ ਜਾਦੂ ਫੈਲਾਉਣ ਲਈ ਸ਼ਲਾਘਾ ਕੀਤੀ। ਇਹ ਔਰਤਾਂ ਸਵੈ ਸਹਾਇਤਾ ਸਮੂਹ ਵਿੱਚ ਸ਼ਾਮਲ ਹੋਈਆਂ ਅਤੇ ਬਲਾਕ ਪ੍ਰਿੰਟਿੰਗ ਅਤੇ ਰੰਗਾਈ ਦੀ ਸਿਖਲਾਈ ਪ੍ਰਾਪਤ ਕੀਤੀ, ਜਿਸ ਨਾਲ ਅੱਜ ਉਸ ਲੱਖਾਂ ਰੁਪਏ ਕਮਾ ਰਹੀਆਂ ਨੇ ਕਿਉਂਕਿ ਉਨ੍ਹਾਂ ਵਲੋਂ ਬਣਾਏ ਬੈੱਡ ਕਵਰ, ਸਾੜੀਆਂ ਅਤੇ ਦੁਪੱਟਿਆਂ ਦੀ ਬਾਜ਼ਾਰ ਵਿੱਚ ਬਹੁਤ ਮੰਗ ਏ।ਅਗਲੇ ਮਹੀਨੇ ਦੀ 7 ਤਰੀਕ ਨੂੰ ਦੇਸ਼ ਵਿੱਚ ਰਾਸ਼ਟਰੀ ਹੱਥਖੱਡੀ ਦਿਵਸ ਮਨਾਇਆ ਜਾਵੇਗਾ। ਪ੍ਰਧਾਨ ਮੰਤਰੀ ਨੂੰ ਇਹ ਦੇਖ ਕੇ ਖੁਸ਼ੀ ਹੋਈ, ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕਾਰੀਗਰ ਹੱਥਖੱਡੀ ਨੂੰ ਪ੍ਰਸਿੱਧ ਬਣਾਉਣ ਵਿੱਚ ਲੱਗੇ ਹੋਏ ਨੇ। ਉਨ੍ਹਾਂ ਲੋਕਾਂ ਨੂੰ ''ਹੈਸ਼ਟੈਗ-ਮਾਈ ਪ੍ਰੋਡਕਟ ਮਾਈ ਪ੍ਰਾਈਡ'' ਦੇ ਨਾਲ ਸੋਸ਼ਲ ਮੀਡੀਆ 'ਤੇ ਆਪਣੇ ਸਥਾਨਕ ਉਤਪਾਦਾਂ ਨੂੰ ਅਪਲੋਡ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਖਾਦੀ ਅਤੇ ਹੱਥਖੱਡੀ ਦੀ ਵੱਧ ਰਹੀ ਵਿਕਰੀ ਨਾਲ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋ ਰਹੇ ਨੇ। ਉਨ੍ਹਾਂ ਕਿਹਾ ਕਿ ਓਲੰਪਿਕ, ਭਾਰਤੀ ਖਿਡਾਰੀਆਂ ਨੂੰ

ਵਿਸ਼ਵ ਮੰਚ 'ਤੇ ਤਿਰੰਗਾ ਲਹਿਰਾਉਣ ਦਾ ਮੌਕਾ ਦਿੰਦਾ ਏ । ਉਨ੍ਹਾਂ ਲੋਕਾਂ ਨੂੰ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕਿਹਾ। ਨਸ਼ਾਖੋਰੀ ਦੀ ਚੁਣੌਤੀ ਦੀ ਗੱਲ ਕਰਦਿਆਂ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਹਰ ਪਰਿਵਾਰ ਨੂੰ ਚਿੰਤਾ ਏ ਕਿ ਉਨ੍ਹਾਂ ਦਾ ਬੱਚਾ ਨਸ਼ਿਆਂ ਦੀ ਲਪੇਟ ਵਿੱਚ ਆ ਸਕਦਾ ਏ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਮਾਨਸ ਨਾਮਕ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਏ, ਜੋ ਕਿ ਨਸ਼ਿਆਂ ਵਿਰੁੱਧ ਲੜਾਈ ਵਿੱਚ ਇੱਕ ਕਦਮ ਏ । ਮਾਨਸ ਦੀ ਹੈਲਪਲਾਈਨ ਅਤੇ ਪੋਰਟਲ ਹਾਲ ਹੀ ਵਿੱਚ ਜਾਰੀ ਕੀਤਾ ਗਿਆ ਸੀ । ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕੋਲ ਨਸ਼ਿਆਂ ਸਬੰਧੀ ਕੋਈ ਜਾਣਕਾਰੀ ਏ ਤਾਂ ਉਹ ਇਸ ਹੈਲਪਲਾਈਨ ਨੰਬਰ 1933 'ਤੇ ਕਾਲ ਕਰਕੇ ਨਾਰਕੋਟਿਕਸ ਕੰਟਰੋਲ ਬਿਊਰੋ ਨਾਲ ਵੀ ਸਾਂਝੀ ਕਰ ਸਕਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮਾਨਸ ਨਾਲ ਸਾਂਝੀ ਕੀਤੀ ਗਈ ਸਾਰੀ ਜਾਣਕਾਰੀ ਨੂੰ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਭਾਰਤ ਨੂੰ ‘ਨਸ਼ਾ ਮੁਕਤ’ ਬਣਾਉਣ ਵਿੱਚ ਲੱਗੇ ਲੋਕਾਂ ਅਤੇ ਸਾਰੀਆਂ ਸੰਸਥਾਵਾਂ ਨੂੰ, ਮਾਨਸ ਹੈਲਪਲਾਈਨ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਖੁਸ਼ੀ ਪ੍ਰਗਟਾਈ ਕਿ ਵੱਡੀ ਗਿਣਤੀ ਵਿੱਚ ਲੋਕ ‘ਏਕ ਪੇੜ ਮਾਂ ਕੇ ਨਾਮ’ ਮੁਹਿੰਮ ਨਾਲ ਜੁੜ ਰਹੇ ਨੇ । ਉਨ੍ਹਾਂ ਦੱਸਿਆ ਕਿ ਇੰਦੌਰ ਵਿੱਚ ਹਾਲ ਹੀ ਵਿੱਚ ਇਸ ਮੁਹਿੰਮ ਤਹਿਤ ਇੱਕ ਦਿਨ ਵਿੱਚ ਦੋ ਲੱਖ ਤੋਂ ਵੱਧ ਬੂਟੇ ਲਗਾਏ ਗਏ ਨੇ। ਉਨ੍ਹਾਂ ਲੋਕਾਂ ਨੂੰ, ਆਪਣੀ ਮਾਂ ਦੇ ਨਾਂ 'ਤੇ ਬੂਟੇ

ਲਗਾਉਣ ਦੀ ਇਸ ਮੁਹਿੰਮ ਨਾਲ ਜੁੜਨ ਅਤੇ ਸੈਲਫੀ ਲੈ ਕੇ ਇਸ ਨੂੰ ਸੋਸ਼ਲ ਮੀਡੀਆ 'ਤੇ ਪੋਸਟ ਕਰਨ ਦੀ ਅਪੀਲ ਕੀਤੀ । ਪ੍ਰਧਾਨ ਮੰਤਰੀ ਨੇ ਸਰੋਤਿਆਂ ਨੂੰ 15 ਅਗਸਤ ਬਾਰੇ ਹਰ ਘਰ ਤਿਰੰਗਾ ਮੁਹਿੰਮ ਵਿੱਚ ਹਿੱਸਾ ਲੈਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ 'ਹਰ ਘਰ ਤਿਰੰਗਾ ਮੁਹਿੰਮ' ਤਿਰੰਗੇ ਦੀ ਸ਼ਾਨ ਨੂੰ ਬਰਕਰਾਰ ਰੱਖਣ ਲਈ ਇੱਕ ਵਿਲੱਖਣ ਤਿਉਹਾਰ ਬਣ ਗਈ ਏ । ਉਸਨੇ ਲੋਕਾਂ ਨੂੰ 'ਹਰ ਘਰ ਤਿਰੰਗਾ. com' 'ਤੇ ਤਿਰੰਗੇ ਨਾਲ ਆਪਣੀ ਸੈਲਫੀ ਅਪਲੋਡ ਕਰਨ ਲਈ ਪ੍ਰੇਰਿਤ ਕੀਤਾ। ਉਸਨੇ MyGov ਜਾਂ ਨਮੋ ਐਪ 'ਤੇ ਸੁਤੰਤਰਤਾ ਦਿਵਸ ਤੋਂ ਪਹਿਲਾਂ ਉਨ੍ਹਾਂ ਦੇ ਸੁਝਾਅ ਵੀ ਮੰਗੇ ਅਤੇ ਕਿਹਾ ਕਿ ਉਹ, ਰਾਸ਼ਟਰ ਨੂੰ ਆਪਣੇ ਆਜ਼ਾਦੀ ਦਿਵਸ ਦੇ ਸੰਬੋਧਨ ਵਿੱਚ ਵੱਧ ਤੋਂ ਵੱਧ ਸੁਝਾਅ ਸ਼ਾਮਲ ਕਰਨਗੇ ।

---------------------------------------------------

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਦਾ ਅਸਤੀਫ਼ਾ ਪ੍ਰਵਾਨ ਕੀਤੇ ਜਾਣ ਤੋਂ ਬਾਅਦ ਹੁਣ ਆਸਾਮ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਪੰਜਾਬ ਦੇ 37ਵੇਂ ਰਾਜਪਾਲ ਬਣਨਗੇ । ਉਨ੍ਹਾਂ ਨੂੰ ਭਾਰਤੀ ਰਾਜਨੀਤੀ ਵਿੱਚ ਲੰਬਾ ਤਜ਼ਰਬਾ ਏ । ਬਨਵਾਰੀ ਲਾਲ ਪੁਰੋਹਿਤ ਨੇ ਫਰਵਰੀ 2024 'ਚ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ ਪਰ ਉਹ ਇਸ ਅਹੁਦੇ 'ਤੇ ਬਣੇ ਰਹੇ। ਉਨ੍ਹਾਂ ਦਾ ਅਸਤੀਫਾ ਬੀਤੀ ਰਾਤ ਪ੍ਰਵਾਨ

ਕਰ ਲਿਆ ਗਿਆ। ਗੁਲਾਬ ਚੰਦ ਕਟਾਰੀਆ ਦਾ ਜਨਮ 13 ਅਕਤੂਬਰ 1944 ਨੂੰ ਹੋਇਆ। ਉਹ 22 ਫਰਵਰੀ 2023 ਤੋਂ ਅਸਾਮ ਦੇ 31ਵੇਂ ਰਾਜਪਾਲ ਵਜੋਂ ਸੇਵਾ ਨਿਭਾ ਰਹੇ ਨੇ।

---------------------------------------------------

ਕੱਲ੍ਹ ਪੈਰਿਸ ਓਲੰਪਿਕ ਦੇ ਪਹਿਲੇ ਦਿਨ ਭਾਰਤੀ ਖਿਡਾਰੀਆਂ ਨੇ ਸ਼ਾਨਦਾਰ ਸ਼ੁਰੂਆਤ ਕੀਤੀ । ਨਿਸ਼ਾਨੇਬਾਜ਼ਾਂ ਵਿੱਚੋਂ ਮਨੂ ਭਾਕਰ ਮਹਿਲਾਵਾਂ ਦੇ 10 ਮੀਟਰ ਏਅਰ ਰਾਈਫਲ ਮੁਕਾਬਲੇ ਵਿੱਚ ਫਾਈਨਲ ਵਿੱਚ ਪੁੱਜੀ। ਭਾਰਤੀ ਮਰਦ ਹਾਕੀ ਟੀਮ ਨੇ, ਪੈਰਿਸ ਓਲੰਪਿਕ ਵਿੱਚ ਪੂਲ-ਬੀ ਦੇ ਆਪਣੇ ਪਹਿਲੇ ਮੈਚ ਵਿੱਚ, ਨਿਊਜ਼ੀਲੈਂਡ ਨੂੰ 3-2 ਨਾਲ ਹਰਾਇਆ। ਕਪਤਾਨ ਹਰਮਨਪ੍ਰੀਤ ਸਿੰਘ ਨੇ ਪੈਨਲਟੀ ਸਟਰੋਕ ਵਿੱਚ ਫੈਸਲਾਕੁੰਨ ਗੋਲ ਕੀਤਾ। ਇਸ ਮੌਕੇ ਹਾਕੀ ਟੀਮ ਦੇ ਖਿਡਾਰੀ ਮਨਦੀਪ ਸਿੰਘ ਨੇ ਕਿਹਾ।

---------------------------------------------------

ਕੇਂਦਰੀ ਰਿਜ਼ਰਵ ਪੁਲਿਸ ਬਲ ਦਾ 86ਵਾਂ ਸਥਾਪਨਾ ਦਿਵਸ, 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਵਿਖੇ ਮਨਾਇਆ ਗਿਆ।

ਇਸ ਮੌਕੇ 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਦੇ ਕਮਾਂਡੈਂਟ ਅਸ਼ਵਨੀ ਕੁਮਾਰ ਝਾਅ ਨੇ ਸ਼ਹੀਦੀ ਸਮਾਰਕ 'ਤੇ ਜਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਕਮਾਂਡੈਂਟ ਨੇ ਬਟਾਲੀਅਨ ਦੇ ਕੁਆਰਟਰ ਗਾਰਡ ਵਿੱਚ ਜਾ ਕੇ 'ਗਾਰਡ ਆਫ਼ ਆਨਰ' ਲਿਆ, ਗਾਰਡ ਦਾ ਮੁਆਇਨਾ ਕੀਤਾ ਅਤੇ ਸਾਰੇ ਸੈਨਿਕਾਂ ਨੂੰ ਕੇਂਦਰੀ ਰਿਜ਼ਰਵ ਪੁਲਿਸ ਬਲ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸ੍ਰੀ ਝਾਅ ਵੱਲੋਂ ਬਟਾਲੀਅਨ ਦੇ ਵਿਹੜੇ ਵਿੱਚ ਰੁੱਖ ਲਗਾ ਕੇ ਵਾਤਾਵਰਨ ਸੰਭਾਲ ਦਾ ਸੁਨੇਹਾ ਦਿੱਤਾ। ਜਵਾਨਾਂ ਨੇ ਵੀ ਬੜੇ ਉਤਸ਼ਾਹ ਨਾਲ ਰੁੱਖ ਲਗਾਉਣ ਵਿੱਚ ਹਿੱਸਾ ਲਿਆ ਅਤੇ ਕੈਂਪਸ ਵਿੱਚ ਬਹੁਤ ਸਾਰੇ ਰੁੱਖ ਲਗਾਏ ਗਏ। ਕਮਾਂਡੈਂਟ ਨੇ ਸਮੂਹ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਥਾਪਨਾ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਕੇਂਦਰੀ ਰਿਜ਼ਰਵ ਪੁਲਿਸ ਬਲ ਪਰਿਵਾਰ ਦੀ ਬਹਾਦਰੀ, ਸਮਰਪਣ ਅਤੇ ਸੇਵਾ ਭਾਵਨਾ ਦੀ ਸ਼ਲਾਘਾ ਕੀਤੀ ਅਤੇ ਸੈਨਿਕਾਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਡਿਊਟੀ ਪ੍ਰਤੀ ਲਗਨ ਲਈ ਪ੍ਰੇਰਿਤ ਕੀਤਾ।